# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।
# ਪ੍ਰੈਸ ਨੋਟ

## ਮੁਹੱਲਾ ਲਾਭ ਨਗਰ ਵਿਖੇ 5.75 ਲੱਖ ਰੁਪਏ ਦੀ ਲਾਗਤ ਨਾਲ ਇੰਨਟਰਲਾਕਿੰਗ ਟਾਇਲਾਂ ਲਗਾਉਣ ਦੇ ਕੰਮ ਦੀ ਮੇਅਰ ਸ਼ਿਵ ਸੂਦ ਨੇ ਕੀਤੀ ਸ਼ੁਰੂਆਤ

ਹੁਸ਼ਿਆਰਪੁਰ 25 ਦਸੰਬਰ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਅੱਜ ਵਾਰਡ ਨੰ: 25 ਦੇ ਮੁਹੱਲਾ ਲਾਭ ਨਗਰ ਵਿਖੇ 5.75 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਨਾਲ ਬਣਨ ਵਾਲੀ ਗਲੀ ਦੇ ਕੰਮ ਦੀ ਸ਼ੁਰੂਆਤ ਰੀਬਨ ਕੱਟ ਕੇ ਕੀਤੀ। ਉਹਨਾਂ ਦੱਸਿਆ ਕਿ ਵਾਰਡ ਨੰ: 25 ਦੇ ਕੌਂਸਲਰ ਰੂਪ ਲਾਲ ਥਾਪਰ ਦੀ ਮੰਗ ਅਨੁਸਾਰ ਉਹਨਾਂ ਦੇ ਵਾਰਡ ਵਿਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਰਹਿੰਦੇ ਵਿਕਾਸ ਕਾਰਜਾਂ ਵੀ ਪਹਿਲ ਦੇ ਅਧਾਰ ਤੇ ਕਾਰਵਾਏ ਜਾਣਗੇ। ਉਹਨਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਪ੍ਰਕਾਸ਼ ਸਿੰਘ ਬਾਦਲ ਵਲੋਂ ਕੀਤੇ ਗਏ ਸੰਗਤ ਦਰਸ਼ਨ ਦੌਰਾਨ ਨਗਰ ਨਿਗਮ ਹੁਸ਼ਿਆਰਪੁਰ ਦੇ ਵੱਖ ਵੱਖ ਵਾਰਡਾਂ ਵਿਚ ਕਰੋੜਾਂ ਰੁਪਏ ਦੀ ਗਰਾਂਟਾ ਮੰਜੂਰ ਕੀਤੀਆਂ ਹਨ ਜਿਸ ਨਾਲ ਕੌਂਸਲਰਾਂ ਅਤੇ ਵਾਰਡ ਵਾਸੀਆਂ ਦੀ ਮੰਗ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਵਾਰਡ ਨੰ: 25 ਦੇ ਕੌਂਸਲਰ ਰੂਪ ਲਾਲ ਥਾਪਰ ਅਤੇ ਮੁਹੱਲਾ ਵਾਸੀਆਂ ਨੇ ਮੇਅਰ ਸ਼ਿਵ ਸੂਦ ਵੱਲੋਂ ਇੰਨਟਰਲਾਕਿੰਗ ਟਾਇਲਾਂ ਨਾਲ ਗਲੀ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਨ ਲਈ ਉਹਨਾਂ ਦਾ ਧੰਨਵਾਦ ਕੀਤਾ। ਹਰਦੇਵ ਸਿੰਘ, ਬਲਵਿੰਦਰ ਸਿੰਘ, ਕ੍ਰਿਸ਼ਨ ਸ਼ਰਮਾ, ਕੁਲਦੀਪ ਕੁਮਾਰ, ਜਨਕ ਰਾਜ ਸ਼ਰਮਾ, ਚੰਦਨ, ਰਵਿੰਦਰ ਕੁਮਾਰ, ਚਮਨ ਲਾਲ, ਜਤਿੰਦਰ ਸਿੰਘ, ਦਲੀਪ ਸਿੰਘ, ਗੁਰਮੇਲ ਸਿੰਘ, ਮਲਾਵਾ ਰਾਮ ਨਿਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।